





# ਡਿਪਟੀ ਕਮਿਸ਼ਨਰ ਨੇ ਲੱਕੀ ਡਰਾਅ (ਪਰਾਲੀ) ਦੇ ਪੰਜਵੇਂ ਡਰਾਅ ਵਿਚ ਜੇਤੂਆਂ ਨੂੰ ਸਰਟੀਫਿਕੇਟ ਵੰਡੇ

## ਪੰਜਵੇਂ ਡਰਾਅ ਵਿਚ ਪਹਿਲਾਂ ਇਨਾਮ ਗੁਰਪ੍ਰੀਤ ਸਿੰਘ ਨਰਾਇਣਗੜ੍ਹ ਸੋਹੀਆ, ਦੂਜਾ ਇਨਾਮ ਬਲਜੀਤ ਸਿੰਘ ਨਰਾਇਣਗੜ੍ਹ ਸੋਹੀਆ ਅਤੇ ਤੀਜਾ ਇਨਾਮ ਆਗਿਆਜੀਤ ਸਿੰਘ ਸੇਖਾ ਨੂੰ ਮਿਲਿਆ



ਪਰਾਲੀ ਪ੍ਰਬੰਧਨ-2025 ਤਹਿਤ ਲੱਕੀ ਡਰਾਅ (ਪਰਾਲੀ) ਦੇ ਪੰਜਵੇਂ ਡਰਾਅ ਦੇ ਜੇਤੂਆਂ ਨੂੰ ਸਰਟੀਫਿਕੇਟ ਦੇਣ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਟੀ. ਬੈਨਿਥ। ਅਜੀਤ ਤਸਵੀਰ

ਬਰਨਾਲਾ, 27 ਨਵੰਬਰ (ਗੁਰਪ੍ਰੀਤ ਸਿੰਘ ਲਾਡੀ)-ਪਰਾਲੀ ਪ੍ਰਬੰਧਨ-2025 ਤਹਿਤ ਲੱਕੀ ਡਰਾਅ (ਪਰਾਲੀ) ਦਾ ਪੰਜਵਾਂ ਡਰਾਅ ਅੱਜ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ ਬੈਨਿਥ ਦੀ ਮੌਜੂਦਗੀ 'ਚ ਡਿਪਟੀ ਕਮਿਸ਼ਨਰ ਦਫ਼ਤਰ ਦੇ ਮੀਟਿੰਗ ਹਾਲ ਵਿਖੇ ਕੱਢਿਆ ਗਿਆ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਵਲੋਂ ਹਰ ਪੱਧਰ 'ਤੇ ਪਰਾਲੀ ਦੇ ਨਿਪਟਾਰੇ ਲਈ ਪੂਰੀ ਯੋਜਨਾ ਤਿਆਰ ਕੀਤੀ ਗਈ ਅਤੇ ਕਿਸਾਨਾਂ ਨੂੰ ਨਵੀਆਂ ਤਕਨਾਲੋਜੀਆਂ ਬਾਰੇ ਜਾਣੂ ਕਰਵਾਇਆ ਗਿਆ। ਇਨ੍ਹਾਂ ਯਤਨਾਂ ਸਦਕਾ ਪਰਾਲੀ ਸਾੜਨ ਦੀਆਂ ਘਟਨਾਵਾਂ ਵਿਚ ਲਗਭਗ 60 ਫ਼ੀਸਦੀ ਤੋਂ ਵੱਧ ਕਮੀ ਦਰਜ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਦੀ ਸ਼ਲਾਘਾ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਲੱਕੀ ਡਰਾਅ (ਪਰਾਲੀ) ਸਕੀਮ ਚਲਾਈ ਗਈ ਹੈ, ਜਿਸ ਅਧੀਨ 7 ਲੱਖ ਰੁਪਏ ਉਨ੍ਹਾਂ ਕਿਸਾਨਾਂ ਲਈ ਰੱਖੇ ਗਏ ਹਨ ਜੋ ਪਰਾਲੀ ਨੂੰ ਅੱਗ ਲਗਾਏ ਬਿਨਾਂ ਇਸ ਦੀ ਸੰਭਾਲ ਕਰਦੇ ਹਨ। ਹਫ਼ਤੇਵਾਰ 1 ਲੱਖ ਰੁਪਏ ਦੀ ਰਕਮ 25 ਕਿਸਾਨਾਂ ਵਿਚ ਵੰਡੀ ਜਾ ਰਹੀ ਹੈ। ਇਸ ਦੇ ਚਾਰ ਡਰਾਅ ਕੱਢੇ ਜਾ ਚੁੱਕੇ ਹਨ ਅਤੇ ਅੱਜ ਪੰਜਵੇਂ ਡਰਾਅ ਦੇ ਜੇਤੂਆਂ ਨੂੰ ਸਰਟੀਫਿਕੇਟ ਵੰਡੇ ਗਏ। ਇਸ ਡਰਾਅ ਵਿਚ ਪਹਿਲਾ ਇਨਾਮ ਗੁਰਪ੍ਰੀਤ ਸਿੰਘ ਨਰਾਇਣਗੜ੍ਹ ਸੋਹੀਆ ਨੂੰ 20 ਹਜ਼ਾਰ ਰੁਪਏ, ਦੂਜਾ ਇਨਾਮ ਬਲਜੀਤ ਸਿੰਘ ਨਰਾਇਣਗੜ੍ਹ ਸੋਹੀਆ ਨੂੰ 15 ਹਜ਼ਾਰ ਰੁਪਏ ਅਤੇ ਤੀਜਾ ਇਨਾਮ ਆਗਿਆਜੀਤ ਸਿੰਘ ਸੇਖਾ ਨੂੰ 10 ਹਜ਼ਾਰ ਰੁਪਏ ਮਿਲਿਆ, ਜਦਕਿ ਬਾਕੀ 22 ਕਿਸਾਨਾਂ ਨੂੰ 2500-2500 ਰੁਪਏ ਦੇ ਇਨਾਮ ਮਿਲੇ। ਡਿਪਟੀ ਕਮਿਸ਼ਨਰ ਨੇ ਜੇਤੂਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਹ ਪਰਾਲੀ ਦੀ ਸੰਭਾਲ ਕਰ ਕੇ ਬਰਨਾਲਾ ਜ਼ਿਲ੍ਹੇ ਵਿਚ ਵਾਤਾਵਰਨ ਦੇ ਰਖਵਾਲੇ ਬਣੇ ਹਨ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਦੂਤ ਵਜੋਂ ਹੋਰਨਾਂ ਕਿਸਾਨਾਂ ਨੂੰ ਵੀ ਪਰਾਲੀ ਨੂੰ ਅੱਗ ਨਾ ਲਗਾ ਕੇ ਇਸ ਦੀ ਸੰਭਾਲ ਲਈ ਪ੍ਰੇਰਿਤ ਕਰਨ। ਇਸ ਮੌਕੇ ਡਾ. ਅੰਮ੍ਰਿਤਪਾਲ ਸਿੰਘ ਮੁੱਖ ਖੇਤੀਬਾੜੀ ਅਫ਼ਸਰ ਬਰਨਾਲਾ, ਇੰਜੀਨੀਅਰ ਹਰਮਨਦੀਪ ਸਿੰਘ, ਨੋਡਲ ਅਫ਼ਸਰ (ਪਰਾਲੀ) ਸੁਨੀਤਾ ਸ਼ਰਮਾ, ਖੇਤੀਬਾੜੀ ਵਿਭਾਗ ਤੋਂ ਮਨਦੀਪ ਸਿੰਘ ਏ.ਈ.ਓ., ਅਮਨਦੀਪ ਕੌਰ ਏ.ਐਸ.ਆਈ., ਹਰਜਿੰਦਰ ਸਿੰਘ ਏ.ਟੀ.ਐਮ. ਅਤੇ ਵੱਡੀ ਗਿਣਤੀ ਵਿਚ ਕਿਸਾਨ ਹਾਜ਼ਰ ਸਨ।

## ਪਿੰਡ ਭੱਦਲਵੱਡ ਦਾ ਜਤਿੰਦਰ ਸਿੰਘ 120 ਏਕੜ 'ਚ ਪਰਾਲੀ ਨੂੰ ਬਿਨਾਂ ਅੱਗ ਲਗਾਏ ਕਰ ਰਿਹਾ ਹੈ ਉਸ ਦੀ ਸੰਭਾਲ



ਕਿਸਾਨ ਜਤਿੰਦਰ ਸਿੰਘ ਖੇਤੀਬਾੜੀ ਵਿਭਾਗ ਦੇ ਕਰਮਚਾਰੀਆਂ ਨਾਲ। ਤਸਵੀਰ : ਤਰਸੇਮ ਸਿੰਘ ਗਹਿਲ

ਮਹਿਲ ਕਲਾਂ, 27 ਨਵੰਬਰ (ਤਰਸੇਮ ਸਿੰਘ ਗਹਿਲ)-ਪਿੰਡ ਭੱਦਲਵੱਡ ਪਿੰਡ ਦਾ ਅਗਾਂਹਵਧੂ ਕਿਸਾਨ ਜਤਿੰਦਰ ਸਿੰਘ ਆਪਣੇ 120 ਏਕੜ ਖੇਤ ਵਿਚ ਪਰਾਲੀ ਨੂੰ ਬਿਨਾਂ ਅੱਗ ਲਗਾਏ ਉਸ ਦਾ ਪ੍ਰਬੰਧਨ ਕਰ ਰਿਹਾ ਹੈ। ਉਹ ਪਰਾਲੀ ਨੂੰ ਖੇਤ ਵਿਚ ਹੀ ਰਲਾ ਕੇ ਆਪਣੀ ਮਿੱਟੀ ਦੀ ਉਪਜਾਊ ਸਮਰੱਥਾ ਵਧਾ ਕੇ ਉਸ ਵਿਚ ਆਲੂਆਂ ਅਤੇ ਕਣਕ ਦੀ ਕਾਸ਼ਤ ਕਰਦਾ ਹੈ। ਇਸ ਮੌਕੇ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਟੀ.ਬੈਨਿਥ ਨੇ ਦੱਸਿਆ ਕਿ ਜਤਿੰਦਰ ਸਿੰਘ ਨੇ ਇਸ ਤਰੀਕੇ ਨਾਲ ਨਾ ਸਿਰਫ਼ ਖੇਤੀ ਦੀ ਲਾਗਤ ਘਟਾਈ ਹੈ, ਬਲਕਿ ਖੇਤ ਦੀ ਮਿੱਟੀ ਦੀ ਸਿਹਤ ਵਿਚ ਵੀ ਸੁਧਾਰ ਕੀਤਾ ਹੈ। ਉਸ ਦੀ ਇਸ ਪਹਿਲ ਨੇ ਹੋਰ ਕਿਸਾਨਾਂ ਲਈ ਵੀ ਪ੍ਰੇਰਨਾ ਦਾ ਸਰੋਤ ਬਣ ਕੇ ਜ਼ਿਲ੍ਹੇ ਵਿਚ ਇਕ ਨਵਾਂ ਪੈਮਾਨਾ ਸਥਾਪਤ ਕੀਤਾ ਹੈ। ਇਸ ਮੌਕੇ ਜਤਿੰਦਰ ਸਿੰਘ ਨੇ ਦੱਸਿਆ ਕਿ ਪਰਾਲੀ ਨੂੰ ਖੇਤ ਵਿਚ ਮਿਲਾਉਣ ਤੋਂ ਬਾਅਦ ਸੁੰਡੀ ਦਾ ਕੋਈ ਹਮਲਾ ਨਹੀਂ ਹੋਇਆ। ਉਸ ਦੇ ਮੁਤਾਬਿਕ, ਮਿੱਟੀ ਦੀ ਸਿਹਤ ਅਤੇ ਫ਼ਸਲ ਦੀ ਗੁਣਵੱਤਾ ਦੋਵਾਂ ਵਿਚ ਸੁਧਾਰ ਆ ਗਿਆ ਹੈ। ਉਸ ਨੇ ਦੱਸਿਆ ਕਿ ਪਰਾਲੀ ਮਿਲਾਉਣ ਨਾਲ ਰਸਾਇਣਿਕ ਖਾਦਾਂ ਅਤੇ ਕੀੜੇਮਾਰ ਜ਼ਹਿਰਾਂ ਦੇ ਖ਼ਰਚੇ ਵਿਚ ਵੱਡੀ ਕਮੀ ਆਈ ਹੈ ਅਤੇ ਉਹ ਖੇਤਾਂ ਤੋਂ ਵਧੀਆ ਪੈਦਾਵਾਰ ਲੈ ਰਿਹਾ ਹੈ। ਇਸ ਤਰੀਕੇ ਨਾਲ ਉਸ ਨੂੰ ਆਰਥਿਕ ਤੌਰ 'ਤੇ ਵੀ ਵੱਡਾ ਲਾਭ ਮਿਲਿਆ ਹੈ। ਉਸ ਨੇ ਕਿਸਾਨਾਂ ਵੀਰਾਂ ਨੂੰ ਸਲਾਹ ਦਿੱਤੀ ਕਿ ਉਹ ਮਿੱਟੀ ਦੀ ਜਾਂਚ ਕਰਵਾ ਕੇ ਮਿੱਟੀ ਸਿਹਤ ਕਾਰਡ ਦੇ ਅਨੁਸਾਰ ਖਾਦਾਂ ਦੀ ਵਰਤੋਂ ਕਰਨ। ਇਸ ਨਾਲ ਖਾਦਾਂ 'ਤੇ ਫ਼ਾਲਤੂ ਖਰਚਾ ਖ਼ਤਮ ਹੋਵੇਗਾ ਅਤੇ ਫ਼ਸਲਾਂ ਦੀ ਪੈਦਾਵਾਰ ਹੋਰ ਸੁਧਰੇਗੀ।

## ਨਕਾਬਪੋਸ਼ਾਂ ਵਲੋਂ ਦੁਕਾਨਦਾਰ 'ਤੇ ਤੇਜ਼ ਹਥਿਆਰਾਂ ਨਾਲ ਹਮਲਾ, ਦੋ ਮੋਬਾਈਲ ਫ਼ੋਨ ਵੀ ਕੀਤੇ ਚੋਰੀ

ਬਰਨਾਲਾ, 27 ਨਵੰਬਰ (ਰਾਜ ਪਨੇਸਰ)-ਬੱਸ ਸਟੈਂਡ ਦੇ ਸਾਹਮਣੇ ਚਾਰ ਨਕਾਬਪੋਸ਼ ਵਿਅਕਤੀਆਂ ਵਲੋਂ ਇਕ ਦੁਕਾਨ ਮਾਲਕ 'ਤੇ ਕਾਤਲਾਨਾ ਹਮਲਾ ਕਰਦਿਆਂ ਦੋ ਮਹਿੰਗੇ ਭਾਅ ਦੇ ਮੋਬਾਈਲ ਫ਼ੋਨ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਜਾਣਕਾਰੀ ਦਿੰਦਿਆਂ ਬਾਜਵਾ ਸਰਵਿਸ ਦੇ ਮਾਲਕ ਜਗਦੀਪ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਬਰਨਾਲਾ ਨੇ ਦੱਸਿਆ ਕਿ ਮੈਂ ਦੁਕਾਨ 'ਤੇ ਬੈਠ ਕੇ ਆਪਣਾ ਹਿਸਾਬ ਕਿਤਾਬ ਕਰ ਰਿਹਾ ਸੀ ਤਾਂ ਚਾਰ ਨਾਕਾਰਪੋਸ਼ ਸ਼ੱਕੀ ਹਾਲਤ ਵਿਚ ਦੁਕਾਨ ਨੇੜੇ ਗੰਡਾਸੇ ਅਤੇ ਦਾਹ ਨਾਲ ਲੈਸ ਘੁੰਮਦੇ ਦੇਖੇ ਗਏ। ਜਿਸ ਬਾਰੇ ਮੈਂ ਆਪਣੇ ਗੁਆਂਢੀ ਦੁਕਾਨਦਾਰ ਨੂੰ ਵੀ ਦੱਸਿਆ ਪਰ ਉਸ ਦੀ ਦੁਕਾਨ 'ਤੇ ਗ੍ਰਾਹਕ ਜ਼ਿਆਦਾ ਹੋਣ ਕਾਰਨ ਉਸ ਨੇ ਧਿਆਨ ਨਹੀਂ ਦਿੱਤਾ। ਜਦੋਂ ਮੈਂ ਵਾਪਸ ਆ ਕੇ ਦੁਕਾਨ 'ਤੇ ਬੈਠਾ ਹੀ ਸੀ ਤਾਂ ਚਾਰੋਂ ਵਿਅਕਤੀਆਂ ਨੇ ਗੰਡਾਸੇ ਤੇ ਦਾਹ ਨਾਲ ਮੇਰੇ 'ਤੇ ਕਾਤਲਾਨਾ ਹਮਲਾ ਕਰ ਦਿੱਤਾ ਅਤੇ ਗੱਲੇ ਨੂੰ ਤੋੜਨ ਦੀ ਕੋਸ਼ਿਸ਼ ਕਰਨ ਲੱਗੇ। ਪਰ ਗੱਲੇ ਦਾ ਜਿੰਦਰਾ ਨਹੀਂ ਟੁੱਟਿਆ ਲੇਕਿਨ ਕਾਊਂਟਰ 'ਤੇ ਪਏ ਦੋ ਮਹਿੰਗੇ ਫ਼ੋਨ ਚੋਰੀ ਕਰ ਕੇ ਮੌਕੇ ਤੋਂ ਫ਼ਰਾਰ ਹੋ ਗਏ। ਉਸ ਨੇ ਦੱਸਿਆ ਕਿ ਉਸ ਵਲੋਂ ਬੱਸ ਸਟੈਂਡ ਪੁਲਿਸ ਚੌਕੀ ਨੂੰ ਇਸ ਘਟਨਾ ਬਾਰੇ ਸੂਚਿਤ ਕਰ ਦਿੱਤਾ ਗਿਆ ਹੈ। ਬੱਸ ਸਟੈਂਡ ਪੁਲਿਸ ਚੌਕੀ ਦੇ ਇੰਚਾਰਜ ਬਲਵਿੰਦਰ ਕੁਮਾਰ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਚੈਕ ਕੀਤੀ ਜਾ ਰਹੀ ਹੈ। ਜਲਦੀ ਹੀ ਹਮਲਾਵਰ ਨੂੰ ਕਾਬੂ ਕਰ ਲਿਆ ਜਾਵੇਗਾ ਤੇ ਪੀੜਤ ਵਿਅਕਤੀ ਦੇ ਬਿਆਨਾਂ ਦੇ ਆਧਾਰ 'ਤੇ ਚਾਰ ਨਾਮਾਲੂਮ ਵਿਅਕਤੀਆਂ ਖ਼ਿਲਾਫ਼ ਮਾਮਲਾ ਦਰਜ ਕੀਤਾ ਜਾ ਰਿਹਾ ਹੈ।



ਘਟਨਾ ਬਾਰੇ ਜਾਣਕਾਰੀ ਦਿੰਦੇ ਹੋਏ ਦੁਕਾਨ ਮਾਲਕ ਜਗਦੀਪ ਸਿੰਘ। ਤਸਵੀਰ : ਰਿੰਪੀ ਸਟੂਡੀਓ



ਵਧੀਕ ਡਿਪਟੀ ਕਮਿਸ਼ਨਰ ਮੈਡਮ ਅਨੁਪ੍ਰਿਤਾ ਜੌਹਲ ਨੂੰ ਮੰਗ-ਪੱਤਰ ਦਿੰਦੇ ਹੋਏ ਜਮਹੂਰੀ ਅਧਿਕਾਰ ਸਭਾ ਬਰਨਾਲਾ ਤੇ ਸਹਿਯੋਗੀ ਜਥੇਬੰਦੀਆਂ ਦੇ ਆਗੂ। ਅਜੀਤ ਤਸਵੀਰ

### ਮਾਮਲਾ ਜਮਹੂਰੀ ਅਧਿਕਾਰ ਸਭਾ ਦੀ ਸੂਬਾ ਕਮੇਟੀ ਮੈਂਬਰ ਐਡਵੋਕੇਟ ਅਮਨਦੀਪ ਕੌਰ ਨੂੰ ਧਮਕੀਆਂ ਦੇਣ ਦਾ

## ਕਾਰਵਾਈ ਲਈ ਏ.ਡੀ.ਸੀ. ਬਰਨਾਲਾ ਰਾਹੀਂ ਗਵਰਨਰ ਪੰਜਾਬ ਨੂੰ ਭੇਜਿਆ ਮੰਗ-ਪੱਤਰ

ਬਰਨਾਲਾ, 27 ਨਵੰਬਰ (ਅਸ਼ੋਕ ਭਾਰਤੀ)-ਜਮਹੂਰੀ ਅਧਿਕਾਰ ਸਭਾ ਬਰਨਾਲਾ ਤੇ ਸਹਿਯੋਗੀ ਜਥੇਬੰਦੀਆਂ ਦੇ ਵਫ਼ਦ ਵਲੋਂ ਵਧੀਕ ਡਿਪਟੀ ਕਮਿਸ਼ਨਰ ਮੈਡਮ ਅਨੁਪ੍ਰਿਤਾ ਜੌਹਲ ਰਾਹੀਂ ਗਵਰਨਰ ਪੰਜਾਬ ਨੂੰ ਮੰਗ-ਪੱਤਰ ਭੇਜਿਆ ਗਿਆ। ਇਸ ਮੌਕੇ ਜਮਹੂਰੀ ਅਧਿਕਾਰ ਸਭਾ ਬਰਨਾਲਾ ਦੇ ਸੋਹਣ ਸਿੰਘ ਮਾਝੀ ਪ੍ਰਧਾਨ, ਬਿੱਕਰ ਸਿੰਘ ਔਲਖ ਸਕੱਤਰ ਨੇ ਮੰਗ ਕੀਤੀ ਕਿ ਪਿਛਲੇ ਦਿਨੀਂ ਸਭਾ ਦੀ ਸੂਬਾ ਕਮੇਟੀ ਮੈਂਬਰ ਐਡਵੋਕੇਟ ਅਮਨਦੀਪ ਕੌਰ ਨੂੰ ਫ਼ੋਨ ਰਾਹੀਂ ਧਮਕੀਆਂ ਦੇਣ, ਗਾਲ੍ਹਾਂ ਦੇਣ ਤੇ ਅਸੱਭਿਅਕ ਭਾਸ਼ਾ ਬੋਲਣ ਅਤੇ ਉਸ ਨੂੰ ਪਾਕਿਸਤਾਨ ਚਲੇ ਜਾਣ ਦੀ 'ਨਸੀਹਤ' ਦੇਣ ਵਾਲੇ ਦੋਸ਼ੀਆਂ ਦੀ ਪਹਿਚਾਣ ਕੀਤੀ ਜਾਵੇ ਅਤੇ ਉਨ੍ਹਾਂ ਵਿਰੁੱਧ ਢੁਕਵੀਆਂ ਧਾਰਾਵਾਂ ਅਧੀਨ ਕੇਸ ਦਰਜ ਕੀਤਾ ਜਾਵੇ। ਆਗੂਆਂ ਕਿਹਾ ਕਿ ਪੰਜਾਬ ਯੂਨੀਵਰਸਿਟੀ ਦੀ ਸਾਬਕਾ ਵਿਦਿਆਰਥਣ ਅਤੇ ਜਮਹੂਰੀ ਅਧਿਕਾਰ ਸਭਾ ਪੰਜਾਬ ਦੀ ਸੂਬਾ ਕਮੇਟੀ ਐਡਵੋਕੇਟ ਅਮਨਦੀਪ ਕੌਰ ਜਮਹੂਰੀ ਅਧਿਕਾਰਾਂ ਉੱਪਰ ਹੋ ਰਹੇ ਹਮਲਿਆਂ ਵਿਰੁੱਧ ਆਪਣੀ ਬੁਲੰਦ ਆਵਾਜ਼ ਲਗਾਤਾਰ ਉਠਾਉਂਦੇ ਰਹਿੰਦੇ ਹਨ। ਅੱਜਕੱਲ੍ਹ ਉਹ ਪੰਜਾਬ ਯੂਨੀਵਰਸਿਟੀ ਵਿਚ ਚੱਲ ਰਹੇ ਸੰਘਰਸ਼ ਦੀਆਂ ਮੂਹਰਲੀਆਂ ਸਫ਼ਾਂ ਵਿਚ ਸ਼ਾਮਿਲ ਹਨ। ਲੋਕ-ਦੋਖੀ ਤਾਕਤਾਂ ਨੂੰ ਐਡਵੋਕੇਟ ਅਮਨਦੀਪ ਕੌਰ ਦੀ ਇਹ ਭੂਮਿਕਾ ਅੱਖ ਦੇ ਰੋੜ ਵਾਂਗ ਰੜਕ ਰਹੀ ਹੈ। ਆਪਣੇ ਅਤੇ ਦੇਸ਼ ਦੇ ਦੂਸਰੇ ਨਾਗਰਿਕਾਂ ਦੇ ਜਮਹੂਰੀ ਅਧਿਕਾਰਾਂ ਲਈ ਸੰਘਰਸ਼ ਕਰਨਾ ਅਤੇ ਉਨ੍ਹਾਂ ਦੇ ਜਾਇਜ਼ ਸੰਘਰਸ਼ ਦੇ ਹੱਕ ਵਿਚ ਨਿੱਤਰਨਾ ਹਰ ਭਾਰਤੀ ਨਾਗਰਿਕ ਦਾ ਸੰਵਿਧਾਨਕ ਤੇ ਕਾਨੂੰਨੀ ਅਧਿਕਾਰ ਹੈ। ਪੰਜਾਬ ਯੂਨੀਵਰਸਿਟੀ ਦੇ ਵਿਦਿਆਰਥੀਆਂ ਦੁਆਰਾ ਲੜੇ ਜਾ ਰਹੇ ਹੱਕੀ ਘੋਲ ਦਾ ਸਮਰਥਨ ਕਰ ਕੇ ਐਡਵੋਕੇਟ ਅਮਨਦੀਪ ਕੌਰ ਆਪਣੇ ਸੰਵਿਧਾਨਕ ਅਧਿਕਾਰਾਂ ਦੀ ਹੀ ਵਰਤੋਂ ਕਰ ਰਹੀ ਹੈ। ਇਸ ਮੌਕੇ ਜਥੇਬੰਦੀਆਂ ਦੇ ਆਗੂ ਹਾਜ਼ਰ ਸਨ।

## ਨਸ਼ਾ ਛੁਡਾਊ ਕੇਂਦਰ 'ਚੋਂ ਇਕ ਵਿਅਕਤੀ ਫ਼ਰਾਰ, ਮਾਮਲਾ ਦਰਜ

ਬਰਨਾਲਾ, 27 ਨਵੰਬਰ (ਰਾਜ ਪਨੇਸਰ)-ਸਿਵਲ ਹਸਪਤਾਲ ਬਰਨਾਲਾ 'ਚ ਬਣੇ ਨਸ਼ਾ ਛੁਡਾਊ ਕੇਂਦਰ 'ਚੋਂ ਇਕ ਵਿਅਕਤੀ ਦੇ ਫ਼ਰਾਰ ਹੋਣ 'ਤੇ ਥਾਣਾ ਸਿਟੀ-1 ਪੁਲਿਸ ਵਲੋਂ ਮਾਮਲਾ ਦਰਜ ਕੀਤਾ ਗਿਆ ਹੈ। ਜਾਣਕਾਰੀ ਦਿੰਦਿਆਂ ਐੱਸ.ਐੱਚ.ਓ. ਲਖਵਿੰਦਰ ਸਿੰਘ ਨੇ ਦੱਸਿਆ ਕਿ ਸਿਵਲ ਹਸਪਤਾਲ ਬਰਨਾਲਾ 'ਚੋਂ ਇਕ ਰੁੱਕਾ ਪ੍ਰਾਪਤ ਹੋਇਆ। ਜਿਸ ਵਿਚ ਜ਼ਿਕਰ ਕੀਤਾ ਹੋਇਆ ਸੀ ਕਿ ਨਸ਼ਾ ਛੁਡਾਊ ਕੇਂਦਰ 'ਚ ਸੁਖਦੀਪ ਸਿੰਘ ਪੁੱਤਰ ਕੇਵਲ ਸਿੰਘ ਵਾਸੀ ਮੌੜ ਨਾਭਾ (ਬਰਨਾਲਾ) ਇਲਾਜ ਅਧੀਨ ਸੀ। ਬੀਤੇ ਦਿਨੀਂ ਪੌੜੀਆਂ ਦਾ ਜਿੰਦਰਾ ਤੋੜ ਕੇ ਬਿਨਾਂ ਆਗਿਆ ਭੱਜ ਗਿਆ ਹੈ। ਜਿਸ ਦੇ ਸਬੰਧ ਵਿਚ ਉਕਤ ਵਿਅਕਤੀ ਖ਼ਿਲਾਫ਼ ਥਾਣਾ ਸਿਟੀ-1 ਵਲੋਂ ਮਾਮਲਾ ਦਰਜ ਕੀਤਾ ਗਿਆ ਹੈ। ਇਸ ਮਾਮਲੇ ਦੇ ਤਫ਼ਤੀਸ਼ੀ ਅਫ਼ਸਰ ਏ.ਐੱਸ.ਆਈ. ਸੁਖਵਿੰਦਰ ਸਿੰਘ ਹਨ।

## 14ਵਾਂ ਸਾਲਾਨਾ ਧਾਰਮਿਕ ਸਮਾਗਮ ਕੱਲ੍ਹ ਤੋਂ

ਬਰਨਾਲਾ, 27 ਨਵੰਬਰ (ਨਰਿੰਦਰ ਅਰੋੜਾ)-ਸਥਾਨਕ ਕੇ.ਸੀ. ਰੋਡ ਗਲੀ ਨੰ: 4 ਵਿਖੇ ਸਮਾਜ ਕਲਿਆਣ ਸਭਾ ਵਲੋਂ 14ਵਾਂ ਸਾਲਾਨਾ ਧਾਰਮਿਕ ਸਮਾਗਮ 29 ਨਵੰਬਰ ਤੋਂ ਕਰਵਾਇਆ ਜਾ ਰਿਹਾ ਹੈ। ਜਾਣਕਾਰੀ ਦਿੰਦਿਆਂ ਰਵੀ ਜਿੰਦਲ, ਰਾਘਵ ਸੰਮੀ, ਚਾਹਤ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ੍ਰੀ ਰਾਮ ਚਰਿਤ ਮਾਨਸ ਜੀ ਦਾ ਅਖੰਡ ਰਮਾਇਣ ਪਾਠ ਜੋ ਕਿ 29 ਨਵੰਬਰ ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਸ਼ੁਰੂ ਹੋਵੇਗਾ। ਮਹਿਲਾ ਕੀਰਤਨ ਦੁਪਹਿਰ 3 ਤੋਂ 5 ਵਜੇ ਤੱਕ ਹੋਵੇਗੀ। 30 ਨਵੰਬਰ ਦਿਨ ਐਤਵਾਰ ਨੂੰ ਕੀਰਤਨ ਸਵੇਰੇ 9 ਤੋਂ 12 ਵਜੇ ਤੱਕ ਹੋਵੇਗਾ। ਕਥਾ ਸੂਰਿਆਕਾਂਤ ਸ਼ਾਸਤਰੀ ਜੀ ਵਲੋਂ ਆਪਣੀ ਮਿੱਠੀ ਆਵਾਜ਼ ਵਿਚ ਕੀਤੀ ਜਾਵੇਗੀ। ਇਸ ਮੌਕੇ ਸੁਖਪਾਲ, ਯੋਗੇਸ਼, ਪੰਕਜ, ਪੁਨੀਤ, ਜਤਿਨ ਆਦਿ ਹਾਜ਼ਰ ਸਨ।

### 'ਅਜੀਤ' ਉਪ ਦਫ਼ਤਰ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

**ਬਰਨਾਲਾ**

ਸ. ਗੁਰਪ੍ਰੀਤ ਸਿੰਘ ਲਾਡੀ 92176-02324
ਕੋਰਟ ਚੌਕ 01679-501751

## ਭਦੌੜ ਦੇ ਵਿਕਾਸ ਲਈ ਤਨਦੇਹੀ ਨਾਲ ਕੰਮ ਕੀਤਾ ਜਾਵੇਗਾ-ਪ੍ਰਧਾਨ ਮਨੀਸ਼ ਗਰਗ



ਪ੍ਰਧਾਨ ਮਨੀਸ਼ ਗਰਗ

ਭਦੌੜ, 27 ਨਵੰਬਰ (ਰਜਿੰਦਰ ਬੱਤਾ, ਵਿਨੋਦ ਕਲਸੀ)-ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਅਗਵਾਈ ਦੇ ਵਿਚ ਲੋਕਾਂ ਨੂੰ ਬਿਹਤਰ ਸਹੂਲਤਾਂ ਮਿਲਣ ਤੋਂ ਇਲਾਵਾ ਵਿਕਾਸ ਦੇ ਕੰਮ ਜੰਗੀ ਪੱਧਰ 'ਤੇ ਜਾਰੀ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਨਗਰ ਕੌਂਸਲ ਦੇ ਪ੍ਰਧਾਨ ਮਨੀਸ਼ ਗਰਗ ਨੇ ਗੱਲਬਾਤ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਦੇ ਵਿਚ ਸਰਕਾਰ ਨੇ ਪਿੰਡਾਂ ਦੇ ਨੌਜਵਾਨਾਂ ਨੂੰ ਖੇਡਾਂ ਦੇ ਨਾਲ ਜੋੜਨ ਲਈ ਸਰਕਾਰ ਵਲੋਂ ਖੇਡ ਕਿੱਟਾਂ, ਐਕਸਰਸਾਈਜ਼ ਕਰਨ ਲਈ ਜਿੰਮ ਅਤੇ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ ਤਾਂ ਜੋ ਰੰਗਲੇ ਪੰਜਾਬ ਨੂੰ ਪੂਰਨ ਸੁਰਜੀਤ ਕੀਤਾ ਜਾ ਸਕੇ। ਉੱਥੇ ਸਰਕਾਰੀ ਦਫ਼ਤਰਾਂ ਵਿਚ ਰਿਸ਼ਵਤ ਖੋਰੀ ਅਤੇ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਸਰਕਾਰੀ ਕੰਮਾਂ ਕਰਵਾਉਣ ਵਾਸਤੇ ਸੈਂਕੜਿਆਂ ਦੀ ਤਾਦਾਦ ਵਿਚ ਆਨਲਾਈਨ ਸੇਵਾਵਾਂ ਸ਼ੁਰੂ ਕਰ ਦਿੱਤੀਆਂ ਹਨ ਜਿਨ੍ਹਾਂ ਦਾ ਲੋਕ ਵੱਡੀ ਪੱਧਰ ਲਾਭ ਵੀ ਪ੍ਰਾਪਤ ਕਰ ਰਹੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਇਸ ਵਰ੍ਹੇ ਨੂੰ ਵਿਕਾਸ ਵਰ੍ਹੇ ਵਜੋਂ ਮਨਾ ਰਹੀ ਜਿਸ ਦੌਰਾਨ ਨਗਰ ਕੌਂਸਲ ਭਦੌੜ ਵਲੋਂ ਮਤੇ ਪਾ ਕੇ ਹਲਕਾ ਵਿਧਾਇਕ ਲਾਭ ਸਿੰਘ ਉਗੋਕੇ ਨੂੰ ਦਿੱਤੇ ਗਏ ਸਨ। ਉਨ੍ਹਾਂ ਉੱਪਰ ਪੱਕੀ ਮੋਹਰ ਲੱਗ ਚੁੱਕੀ ਹੈ ਜਿਸ ਦੌਰਾਨ ਕਸਬੇ ਅੰਦਰ ਇੰਟਰਲਾਕ ਟਾਈਲਾਂ ਲਈ 4 ਕਰੋੜ ਰੁਪਏ ਦੀ ਗਰਾਂਟ ਮਿਲ ਚੁੱਕੀ ਹੈ ਜਿਸ ਦਾ ਕੰਮ ਕਈ ਵਾਰਡਾਂ ਅੰਦਰ ਸ਼ੁਰੂ ਕੀਤਾ ਗਿਆ ਹੈ ਅਤੇ ਕਸਬੇ ਦੀਆਂ ਸਾਰੀ ਹੀ ਫਿਰਨੀਆਂ ਲਈ 5 ਕਰੋੜ ਰੁਪਏ ਪਾਸ ਚੁੱਕੇ ਹਨ ਜਿਨ੍ਹਾਂ ਦੇ ਅਗਲੇ ਮਹੀਨੇ ਦਸੰਬਰ ਵਿਚ ਟੈਂਡਰ ਖੁੱਲਣ ਦਾ ਅਨੁਮਾਨ ਹੈ ਜਿਸ ਕੰਮ ਨਾਲ ਹੀ ਸ਼ੁਰੂ ਕਰ ਦਿੱਤਾ ਜਾਵੇਗਾ ਅਤੇ ਕਸਬੇ ਹੋਰ ਵੀ ਬਹੁਤ ਸਾਰੇ ਕੰਮਾਂ ਲਈ ਜਲਦੀ ਹੀ ਗਰਾਂਟ ਹਾਸਲ ਕਰ ਕੇ ਕੰਮ ਸ਼ੁਰੂ ਕੀਤੇ ਜਾਣਗੇ।

## ਚੋਰੀ ਦੀਆਂ ਲਗਾਤਾਰ ਵਾਪਰ ਰਹੀਆਂ ਘਟਨਾਵਾਂ ਤੋਂ ਪਿੰਡ ਵਾਸੀਆਂ 'ਚ ਸਹਿਮ ਦਾ ਮਾਹੌਲ

### ਬੀਤੀ ਰਾਤ ਤਿੰਨ ਮਜ਼ਦੂਰ ਪਰਿਵਾਰਾਂ ਦੇ ਘਰਾਂ 'ਚੋਂ ਚੋਰਾਂ ਨੇ ਮੋਬਾਈਲ ਤੇ ਨਕਦੀ ਕੀਤੀ ਚੋਰੀ

ਟੱਲੇਵਾਲ, 27 ਨਵੰਬਰ (ਸੋਨੀ ਚੀਮਾ)-ਥਾਣਾ ਟੱਲੇਵਾਲ ਅਧੀਨ ਆਉਂਦੇ ਪਿੰਡ ਨਰਾਇਣਗੜ੍ਹ ਸੋਹੀਆ ਵਿਖੇ ਪਿਛਲੇ ਕੁੱਝ ਸਮੇਂ ਤੋਂ ਚੋਰੀ ਦੀਆਂ ਲਗਾਤਾਰ ਵਾਪਰ ਰਹੀਆਂ ਘਟਨਾਵਾਂ ਕਾਰਨ ਪਿੰਡ ਵਿਚ ਲੋਕ ਸਹਿਮ ਦੇ ਛਾਏ ਹੇਠ ਜ਼ਿੰਦਗੀ ਬਤੀਤ ਕਰ ਰਹੇ ਹਨ। ਇਸੇ ਕੜੀ ਦੇ ਚੱਲਦਿਆਂ ਬੀਤੀ ਰਾਤ ਵੀ ਅਣਪਛਾਤੇ ਚੋਰਾਂ ਵਲੋਂ ਤਿੰਨ ਮਜ਼ਦੂਰ ਪਰਿਵਾਰਾਂ ਦੇ ਘਰਾਂ ਨੂੰ ਨਿਸ਼ਾਨਾ ਬਣਾਉਂਦਿਆਂ ਮੋਬਾਈਲ ਫੋਨਾਂ ਅਤੇ ਨਗਦੀ ਦੀ ਚੋਰੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਪੀੜਤ ਮਜ਼ਦੂਰ ਪੀੜਤ ਬੀਰਬਲ ਸਿੰਘ ਪੁੱਤਰ ਜੁੰਮਾ ਸਿੰਘ ਨੇ ਆਪਣੇ ਸਾਥੀਆਂ ਸਮੇਤ ਪ੍ਰਸ਼ਾਸਨ ਖ਼ਿਲਾਫ਼ ਰੋਸ ਪ੍ਰਦਰਸ਼ਨ ਕਰਦਿਆਂ ਦੱਸਿਆ ਕਿ ਬੀਤੀ ਰਾਤ 2 ਵਜੇ ਦੇ ਕਰੀਬ ਚੋਰਾਂ ਨੇ ਉਨ੍ਹਾਂ ਦੇ ਘਰ ਦੀ ਕੰਧ ਟੱਪ ਕੇ ਦਾਖਲ ਹੋ ਕੇ ਸਾਡੇ ਪੰਜ ਭਰਾਵਾਂ ਵਿਚੋਂ ਚਾਰ ਭਰਾਵਾਂ ਦੇ ਚਾਰ ਕੀਮਤੀ ਮੋਬਾਈਲ-ਲਗਭਗ 70 ਹਜ਼ਾਰ ਰੁਪਏ ਦੀ ਕੀਮਤ ਦੇ ਚੋਰੀ ਕਰ ਲਏ। ਸਵੇਰੇ ਜਦੋਂ ਉੱਠੇ ਤਾਂ ਘਰ ਵਿਚ ਮੋਬਾਈਲ ਗ਼ਾਇਬ ਸਨ, ਜਿਸ ਤੋਂ ਪਤਾ ਲੱਗਾ ਕਿ ਚੋਰੀ ਹੋ ਗਈ ਹੈ। ਇਸੇ ਤਰ੍ਹਾਂ ਦਰਸ਼ਨ ਸਿੰਘ ਪੁੱਤਰ ਮੱਘਰ ਸਿੰਘ ਨੇ ਵੀ ਚੋਰੀ ਦੀ ਘਟਨਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਚੋਰ ਘਰ ਦੇ ਪਿਛਲੇ ਪਾਸੇ ਦੀ ਕੰਧ ਚੜ੍ਹ ਕੇ ਅੰਦਰ ਆਏ ਅਤੇ 20 ਹਜ਼ਾਰ ਰੁਪਏ ਦੀ ਕੀਮਤ ਦਾ ਮੋਬਾਈਲ ਚੋਰੀ ਕਰ ਕੇ ਫ਼ਰਾਰ ਹੋ ਗਏ। ਤੀਜੇ ਪੀੜਤ ਗੁਰਸੇਵਕ ਸਿੰਘ ਪੁੱਤਰ ਮੁਕੰਦ ਸਿੰਘ ਨੇ ਦੱਸਿਆ ਕਿ ਉਹ ਰਾਤ ਸਮੇਂ ਪੂਰਾ ਪਰਿਵਾਰ ਚੁਬਾਰੇ ਵਿਚ ਸੁੱਤਾ ਹੋਇਆ ਸੀ। ਚੋਰ ਘਰ ਵਿਚ ਦਾਖਲ ਹੋ ਕੇ ਬੈੱਡ ਉੱਪਰ ਪਏ ਬਟੂਏ ਵਿਚੋਂ 4000 ਰੁਪਏ ਦੀ ਨਗਦੀ ਚੋਰੀ ਕਰ ਕੇ ਲੈ ਗਏ, ਸਾਨੂੰ ਇਸ ਘਟਨਾ ਬਾਰੇ ਸਵੇਰੇ ਪਤਾ ਲੱਗਿਆ। ਪੀੜਤ ਪਰਿਵਾਰਾਂ ਨੇ ਦੱਸਿਆ ਕਿ ਉਹ ਗ੍ਰਾਮ ਪੰਚਾਇਤ ਦੇ ਮੈਂਬਰਾਂ ਸਮੇਤ ਇਸ ਚੋਰੀ ਦੀਆਂ ਘਟਨਾਵਾਂ ਸਬੰਧੀ ਥਾਣਾ ਟੱਲੇਵਾਲ ਵਿਖੇ ਸ਼ਿਕਾਇਤ ਕਰਵਾ ਚੁੱਕੇ ਹਾਂ ਅਤੇ ਮੰਗ ਕਰਦੇ ਹਾਂ ਕਿ ਪੁਲਿਸ ਜਲਦ ਇਨ੍ਹਾਂ ਚੋਰਾਂ ਨੂੰ ਕਾਬੂ ਕਰ ਕੇ ਲੋਕਾਂ ਨੂੰ ਰਾਹਤ ਦਿਵਾਏ। ਜ਼ਿਕਰਯੋਗ ਹੈ ਕਿ ਪਿਛਲੇ ਦਿਨੀਂ ਵੀ ਇਸੇ ਪਿੰਡ ਵਿਚ ਦਿਨ ਦਿਹਾੜੇ ਬੂਟਾ ਸਿੰਘ ਦੇ ਘਰ ਵਿਚੋਂ ਇਕ ਲੱਖ ਰੁਪਏ ਦੇ ਗਹਿਣੇ ਅਤੇ 30 ਹਜ਼ਾਰ ਰੁਪਏ ਦੀ ਨਕਦੀ ਚੋਰੀ ਹੋਈ ਸੀ, ਜਿਸ ਕਾਰਨ ਪਿੰਡ ਵਾਸੀਆਂ ਵਿਚ ਚਿੰਤਾ ਦਾ ਮਾਹੌਲ ਬਣਿਆ ਹੋਇਆ ਹੈ।



ਨਰਾਇਣਗੜ੍ਹ ਸੋਹੀਆ ਵਿਖੇ ਚੋਰੀ ਦੀ ਘਟਨਾ ਤੋਂ ਬਾਅਦ ਰੋਸ ਪ੍ਰਦਰਸ਼ਨ ਕਰਦੇ ਹੋਏ ਪੀੜਤ। ਤਸਵੀਰ : ਸੋਨੀ ਚੀਮਾ

